# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਟਵੰਟੀ-ਟਵੰਟੀ ਵਿਸ਼ਵ ਕੱਪ ਜੇਤੂ, ਮਰਦਾਂ ਦੀ ਭਾਰਤੀ ਕ੍ਰਿਕਟ ਟੀਮ ਨਾਲ ਅੱਜ ਨਵੀਂ ਦਿੱਲੀ ਵਿਚ ਨਾਸ਼ਤੇ ਤੇ ਮੁਲਾਕਾਤ ਕੀਤੀ।
- ਨੀਤੀ ਆਯੋਗ ਦੇ ਆਸਵੰਦ ਜ਼ਿਲਿਆਂ ਤੇ ਬਲਾਕਾਂ ਵਿਚ, 30 ਸਤੰਬਰ ਤੱਕ ਚੱਲਣ ਵਾਲੇ ਸੰਪੂਰਨਤਾ ਅਭਿਆਨ ਦੀ ਅੱਜ ਤੋਂ ਸ਼ੁਰੂਆਤ ਹੋ ਗਈ ਏ ।
- ਖਡੂਰ ਸਾਹਿਬ ਤੋਂ ਲੋਕ ਸਭਾ ਚੋਣ ਜਿੱਤਣ ਵਾਲੇ ਡਿੱਬਰੁ-ਗੜ੍ਹ ਜੇਲ੍ਹ ਵਿਚ ਬੰਦ ਅੰਮ੍ਰਿਤਪਾਲ ਸਿੰਘ ਨੂੰ, ਲੋਕਸਭਾ ਮੇਂਬਰ ਵਜੋਂ ਸੌਂਹ ਚੁੱਕਣ ਲਈ ਚਾਰ ਦਿਨਾਂ ਦੀ ਪੈਰੋਲ ਮਿਲੀ ਏ।
- ਮੌਸਮ ਵਿਭਾਗ ਅਨੁਸਾਰ ਮਾਨਸੂਨ ਦੇ ਬਾਵਜੂਦ, ਪਿਛਲੇ ਤਿੰਨ ਦਿਨਾਂ ਵਿਚ ਸੂਬੇ ਵਿਚ 30 ਫੀਸਦੀ ਘੱਟ ਬਾਰਿਸ਼ ਹੋਈ ਏ।

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਟਵੰਟੀ-ਟਵੰਟੀ ਵਿਸ਼ਵ ਕੱਪ ਜੇਤੂ, ਮਰਦਾਂ ਦੀ ਭਾਰਤੀ ਕ੍ਰਿਕਟ ਟੀਮ ਨਾਲ ਅੱਜ ਨਵੀਂ ਦਿੱਲੀ ਸਥਿਤ ਆਪਣੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਟੀਮ ਦੇ ਕਪਤਾਨ ਰੋਹਿਤ ਸ਼ਰਮਾ ਤੇ ਕੋਚ ਰਾਹੁਲ ਦ੍ਰਾਵਿੜ ਸਮੇਤ ਹੋਰ ਖਿਡਾਰੀ ਮੌਜੂਦ ਸਨ। ਪ੍ਰਧਾਨ ਮੰਤਰੀ ਮੋਦੀ ਨਾਲ ਖਿਡਾਰੀਆਂ ਨੇ ਨਾਸ਼ਤੇ ਦੌਰਾਨ ਗੱਲਬਾਤ ਕੀਤੀ ਅਤੇ ਆਪਣੇ ਤਜ਼ਰਬੇ ਸਾਂਝੇ ਕੀਤੇ। ਭਾਰਤੀ ਕ੍ਰਿਕਟ ਟੀਮ ਅੱਜ ਸਵੇਰੇ ਨਵੀਂ ਦਿੱਲੀ ਪਹੁੰਚੀ ਸੀ ਅਤੇ ਹਵਾਈ ਅੱਡੇ ਤੇ ਕ੍ਰਿਕੇਟ ਪ੍ਰੇਮੀਆਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ। ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਵਾਈ ਅੱਡੇ ਤੇ ਇਕੱਠੇ ਹੋਏ ਸਨ। ਇਸ ਦੌਰਾਨ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿਖੇ ਅੱਜ ਸ਼ਾਮ ਇੱਕ ਸਨਮਾਨ ਸਮਾਗਮ ਕੀਤਾ ਜਾ ਰਿਹਾ ਏ, ਜਿਸ ਵਿਚ ਭਾਰਤੀ ਕ੍ਰਿਕਟ ਕੰਟਰੋਲ ਬੋਰਡ ਜੇਤੂ ਟੀਮ ਦਾ ਸਨਮਾਨ ਕਰੇਗਾ ਅਤੇ ਖਿਡਾਰੀਆਂ ਨੂੰ ਇਨਾਮੀ ਰਕਮ ਭੇਟ ਕਰੇਗਾ।

-------------------------------------------------------

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਨੇ, ਦੁਪਹਿਰ ਦੇ ਖਾਣੇ ਦੇ ਸਮੇਂ

ਵੇਲੇ ਅੱਜ ਨਵੀਂ ਦਿੱਲੀ ਵਿਚ ਆਪਣੇ ਅਚਨਚੇਤ ਦੌਰੇ ਦੌਰਾਨ, ਰੇਲਵੇ ਬੋਰਡ ਦੀ ਕੰਟੀਨ ਦਾ ਨਿਰੀਖਣ ਕੀਤਾ । ਨਿਰੀਖਣ ਦੌਰਾਨ ਰੇਲਵੇ ਬੋਰਡ ਦੇ ਸਕੱਤਰ ਤੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਰਹੇ । ਉਨਾਂ ਕੰਟੀਨ ਮੈਨੇਜਰ ਤੇ ਸਟਾਫ਼ ਨਾਲ ਗੱਲਬਾਤ ਕਰਕੇ ਕੰਮਕਾਜ ਅਤੇ ਸੇਵਾਵਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਕੰਟੀਨ ਦੇ ਵੱਖ-ਵੱਖ ਖੇਤਰਾਂ ਅਤੇ ਕਾਊਂਟਰਾਂ ਦਾ ਵੀ ਦੌਰਾ ਕੀਤਾ। ਕੇਂਦਰੀ ਰਾਜ ਮੰਤਰੀ ਨੇ, ਰੇਲਵੇ ਬੋਰਡ ਦੇ ਸਟਾਫ਼ ਨਾਲ ਗੱਲਬਾਤ ਕਰਨ ਦਾ ਮੌਕਾ ਵੀ ਲਿਆ ਅਤੇ ਭੋਜਨ ਦੀ ਗੁਣਵੱਤਾ ਬਾਰੇ ਨਿੱਜੀ ਤੌਰ 'ਤੇ ਪੁੱਛ-ਗਿੱਛ ਕੀਤੀ । ਰੇਲਵੇ ਬੋਰਡ ਦੇ ਸਟਾਫ਼ ਨੇ ਕੰਟੀਨ ਸੇਵਾਵਾਂ 'ਤੇ ਤਸੱਲੀ ਪ੍ਰਗਟਾਈ । ਹਾਲਾਂਕਿ, ਸਫਾਈ ਅਤੇ ਵਧੀਆ ਗੁਣਵੱਤਾ ਵਾਲੇ ਭੋਜਨ ਦੀ ਮਹੱਤਤਾ 'ਤੇ ਜ਼ੋਰ ਦੇਂਦਿਆਂ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕੰਟੀਨ ਮੈਨੇਜਰ ਨੂੰ ਇਨ੍ਹਾਂ ਉੱਚ ਮਿਆਰਾਂ ਨੂੰ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ।

---------------------------------------------------------

ਪੰਜਾਬ BJP ਦੇ ਸਾਬਕਾ ਪ੍ਰਧਾਨ ਅਤੇ ਪਠਾਨਕੋਟ ਦੇ ਵਿਧਾਇਕ ਅਸ਼ਵਨੀ ਸ਼ਰਮਾ ਨੇ ਨਗਰ ਨਿਗਮ ਦਫ਼ਤਰ ਵਿੱਚ ਅਧਿਕਾਰੀਆਂ ਨਾਲ

ਮੀਟਿੰਗ ਕਰਕੇ ਸ਼ਹਿਰ ਦੇ ਨਾਲਿਆਂ ਦੀ ਸਫ਼ਾਈ ਦੇ ਕੰਮ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਜਾਰੀ ਕੀਤੇ। ਐਸ. ਈ. ਸਤੀਸ਼ ਸੈਣੀ ਤੇ ਏ. ਟੀ. ਪੀ. ਨਰੇਸ਼ ਸ਼ਰਮਾ ਸਮੇਤ ਨਿਗਮ ਅਧਿਕਾਰੀ ਮੌਜੂਦ ਰਹੇ । ਮੀਟਿੰਗ ਵਿੱਚ ਸ਼ਹਿਰ ਵਿੱਚ ਡਰੇਨਾਂ ਦੀ ਸਫ਼ਾਈ, ਸੀਵਰੇਜ ਦੇ ਮੈਨਹੋਲਾਂ ਦੇ ਟੁੱਟੇ ਹੋਏ ਢੱਕਣਾਂ ਨੂੰ ਬਦਲਣ ਅਤੇ ਬਰਸਾਤ ਦੇ ਮੌਸਮ ਦੌਰਾਨ ਸੀਵਰੇਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ । ਉਨਾਂ ਗੰਦੇ ਨਾਲਿਆਂ ਦੀ ਸਮੇਂ ਸਿਰ ਸਫ਼ਾਈ ਕਰਨ 'ਤੇ ਜ਼ੋਰ ਦਿੱਤਾ, ਤਾਂ ਜੋ ਬਰਸਾਤ ਦੇ ਮੌਸਮ ਦੌਰਾਨ ਸ਼ਹਿਰ ਵਿਚ ਕਈ ਥਾਵਾਂ 'ਤੇ ਪਾਣੀ ਖੜ੍ਹਾ ਨਾ ਹੋਵੇ ਅਤੇ ਸ਼ਹਿਰ ਨੂੰ ਪਾਣੀ ਵਿਚ ਡੁੱਬਣ ਤੋਂ ਬਚਾਇਆ ਜਾ ਸਕੇ। ਅਸ਼ਵਨੀ ਸ਼ਰਮਾ ਨੇ ਕਿਹਾ ਕਿ ਇਹ ਬਰਸਾਤ ਦਾ ਸੀਜ਼ਨ ਏ ਅਤੇ ਇਸ ਗੱਲ ਨੂੰ ਯਕੀਨੀ ਬਣਾਉਣ ਲਈ, ਯੋਜਨਾਬੰਦੀ ਤੇ ਸਮੀਖਿਆ ਕੀਤੀ ਗਈ, ਕਿ ਸ਼ਹਿਰ ਵਿਚ ਮੀਂਹ ਕਾਰਨ ਨੁਕਸਾਨ ਨਾ ਹੋਵੇ। ਉਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ, ਸੀਵਰੇਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਮੈਨਹੋਲਾਂ ਵਿੱਚ ਪਲਾਸਟਿਕ ਨਾ ਸੁੱਟਣ ਅਤੇ ਸ਼ਹਿਰ ਨੂੰ ਸਾਫ਼ ਸੁਥਰਾ ਰੱਖਣ ਵਿੱਚ ਸਹਿਯੋਗ ਦੇਣ ।

---

ਦੇਸ਼ ਭਰ ਵਿਚ ਨੀਤੀ ਆਯੋਗ ਦੇ ਤਿੰਨ ਮਹੀਨਿਆਂ ਦੇ 'ਸੰਪੂਰਨਤਾ ਅਭਿਆਨ' ਦੀ ਸ਼ੁਰੂਆਤ ਅੱਜ ਤੋਂ ਹੋ ਗਈ ਏ। ਇਹ ਅਭਿਆਨ 30 ਸਤੰਬਰ ਤੱਕ ਚਲੇਗਾ। ਇਸ ਤਹਿਤ ਆਸਵੰਦ ਜ਼ਿਲ੍ਹਿਆਂ ਅਤੇ ਬਲਾਕਾਂ ਵਿੱਚ ਛੇ ਮੁੱਖ ਸੂਚਕਾਂ ਨੂੰ ਹਾਸਲ ਕਰਨ ਲਈ ਨਿਰੰਤਰ ਯਤਨ ਕੀਤੇ ਜਾਣਗੇ । ਇਸ ਤਹਿਤ ਫਿਰੋਜ਼ਪੁਰ ਵਿਚ ਵੀ ਅੱਜ ਸੰਪੂਰਨਤਾ ਅਭਿਆਨ ਸਮਾਗਮ ਦਾ ਆਯੋਜਨ ਕੀਤਾ ਗਿਆ।

***ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਸੌਂਹ ਚੁੱਕਦੇ ਇਹ ਸਕੂਲੀ ਬਚੇ। ਮੌਕਾ ਰਿਹਾ ਨੀਤੀ ਆਯੋਗ ਦੇ ਸ਼ੁਰੂ ਹੋਏ ਸੰਪੂਰਨਤਾ ਅਭਿਆਨ ਦਾ ਅਤੇ ਇਸ ਦਾ ਗਵਾਹ ਬਣਿਆ ਆਸਵੰਦ ਜ਼ਿਲੇ ਫਿਰੋਜ਼ਪੁਰ ਦਾ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ। 30 ਸਤੰਬਰ ਤਕ ਚੱਲਣ ਵਾਲੇ ਸੰਪੂਰਨਤਾ ਅਭਿਆਨ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਤੇ ਬਲਾਕਾਂ ਦੀ ਕਾਰਗੁਜ਼ਾਰੀ ਸੁਧਾਰਨ ਏ। ਖਾਸ ਤੌਰ ਤੇ ਸਿਹਤ, ਪੋਸ਼ਣ, ਖੇਤੀਬਾੜੀ ਅਤੇ ਸਮਾਜਿਕ ਤਰੱਕੀ ਨਾਲ ਸਬੰਧਤ***

*ਅਹਿਮ ਕਾਰਜ ਪੂਰੇ ਕੀਤੇ ਜਾਣਗੇ। ਸੰਪੂਰਨਤਾ ਅਭਿਆਨ ਨਾਲ ਜੁੜੇ ਦਲੇਰ ਸਿੰਘ ਨੇ ਦੱਸਿਆ।Byteਫਿਰੋਜ਼ਪੁਰ ਅਤੇ ਮੋਗਾ ਜ਼ਿਲਿਆਂ ਤੋਂ ਅਲਾਵਾ ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਕਪੂਰਥਲਾ ਅਤੇ ਸੰਗਰੂਰ ਜ਼ਿਲਿਆਂ ਦੇ ਅੱਠ ਪਛੜੇ ਬਲਾਕ ਸੰਪੂਰਨਤਾ ਅਭਿਆਨ ਵਿਚ ਸ਼ਾਮਲ ਨੇ ।ਫਿਰੋਜ਼ਪੁਰ ਤੋਂ ਜਸਵਿੰਦਰ ਬਿੱਟਾ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------------

ਏਧਰ ਅੰਮ੍ਰਿਤਸਰ ਜ਼ਿਲੇ ਦੇ ਅਜਨਾਲਾ ਬਲਾਕ ਵਿਖੇ ਸੰਪੂਰਨਤਾ ਅਭਿਆਨ ਦਾ ਆਗਾਜ਼ ਈਵੈਂਟ ਨੋਡਲ ਅਫਸਰ ਸਹਾਇਕ ਕਮਿਸ਼ਨਰ ਸੋਨਮ ਦੀ ਦੇਖ-ਰੇਖ ਹੇਠ ਕੀਤਾ ਗਿਆ। ਨੀਤੀ ਆਯੋਗ ਨਵੀਂ ਦਿੱਲੀ ਦੇ ਅਧਿਕਾਰੀ ਵੀ ਇਸ ਦਾ ਹਿੱਸਾ ਬਣੇ । ਸਮਾਗਮ ਦੀ ਪ੍ਰਧਾਨਗੀ ਕਰਦਿਆਂ, ਡਿਪਟੀ ESA ਕੰਵਲਜੀਤ ਕੌਰ ਨੇ ਦੱਸਿਆ ਕਿ ਪ੍ਰਸ਼ਾਸਨ ਪੇਂਡੂ ਅਤੇ ਪਛੜੇ ਖੇਤਰਾਂ ਦੇ ਸਰਵਪੱਖੀ ਵਿਕਾਸ ਲਈ, ਸਰਗਰਮੀ ਨਾਲ ਕੰਮ ਕਰ ਰਿਹਾ ਏ ਅਤੇ ਇਹ ਯਕੀਨੀ ਬਣਾ ਰਿਹਾ ਏ, ਕਿ ਸਰਕਾਰੀ

ਯੋਜਨਾਵਾਂ ਸਮਾਜ ਦੇ ਸਾਰੇ ਵਰਗਾਂ ਤੱਕ ਆਸਾਨੀ ਨਾਲ ਪੁਜਣ । ਸਹਾਇਕ ਕਮਿਸ਼ਨਰ ਸੋਨਮ ਨੇ ਲੋਕਾਂ ਨੂੰ ਅੱਗੇ ਆਉਣ ਅਤੇ ਸਮਾਜਿਕ ਮੁੱਦਿਆਂ ਨੂੰ ਖਤਮ ਕਰਨ ਲਈ ਪ੍ਰੇਰਿਤ ਕੀਤਾ । ਬੀ ਡੀ ਪੀ ਓ ਅਜਨਾਲਾ ਸੁਖਜੀਤ ਸਿੰਘ ਬਾਜਵਾ ਨੇ ਕਿਹਾ ਕਿ ਸੰਪੂਰਨਤਾ ਅਭਿਆਨ ਨੂੰ ਜ਼ਮੀਨੀ ਪੱਧਰ ਤੇ ਉਤਾਰਿਆ ਜਾਵੇਗਾ।ਸਵੈ ਸਹਾਇਤਾ ਸਮੂਹਾਂ ਦੀ ਪ੍ਰਦਰਸ਼ਨੀ ਦੇ ਨਾਲ ਸਿਹਤ, ਪੋਸ਼ਣ ਸਬੰਧੀ ਵੱਖ-ਵੱਖ ਕੈਂਪ ਲਗਾਏ ਗਏ । ਬਲਾਕ ਖੇਤੀਬਾੜੀ ਅਫਸਰ ਸਮੇਤ ਹੋਰ ਅਧਿਕਾਰੀ ਮੌਜੂਦ ਰਹੇ।

---------------------------------------------------------------

ਖਡੂਰ ਸਾਹਿਬ ਤੋਂ ਲੋਕ ਸਭਾ ਚੋਣ ਜਿੱਤਣ ਵਾਲੇ, ਡਿੱਬਰੁ-ਗੜ੍ਹ ਜੇਲ੍ਹ ਵਿਚ ਬੰਦ ਅੰਮ੍ਰਿਤਪਾਲ ਸਿੰਘ ਨੂੰ, ਲੋਕਸਭਾ ਮੈਂਬਰ ਵਜੋਂ ਸੌਂਹ ਚੁੱਕਣ ਲਈ, ਚਾਰ ਦਿਨਾਂ ਦੀ ਪੈਰੋਲ ਮਿਲੀ ਏ । ਡਿੱਬਰੁ-ਗੜ੍ਹ ਜੇਲ੍ਹ ਤੋਂ ਉਨ੍ਹਾਂ ਨੂੰ ਲੈਣ ਲਈ, ਅੱਜ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡਾ ਰਾਜਾਸਾਂਸੀ ਤੋਂ ਪੰਜਾਬ ਪੁਲਿਸ ਦੇ ਐਸ.ਪੀ. ਪੱਧਰ ਦੇ ਅਧਿਕਾਰੀਆਂ ਦੀ ਅਗਵਾਈ ਹੇਠ, ਪੁਲਿਸ ਟੀਮ ਰਵਾਨਾ ਹੋ ਗਈ ਏ । ਅੰਮ੍ਰਿਤਪਾਲ ਸਿੰਘ ਨੂੰ ਸ਼ਰਤਾਂ ਤਹਿਤ ਪੈਰੋਲ ਦਿੱਤੀ ਗਈ ਏ। ਇਸ ਦੌਰਾਨ ਉਹ ਪੰਜਾਬ

ਨਹੀਂ ਆ ਸਕਣਗੇ ਤੇ ਦਿੱਲੀ ਵਿਚ ਪਰਿਵਾਰ ਹੀ ਉਨਾਂ ਨਾਲ ਮੁਲਾਕਾਤ ਕਰ ਸਕੇਗਾ। ਮੁਲਾਕਾਤ ਦੌਰਾਨ ਪਰਿਵਾਰ ਵਲੋਂ ਕੋਈ ਫੋਟੋ ਨਹੀਂ ਕਰਵਾਈ ਜਾਵੇਗੀ। ਹੁਕਮਾਂ ਦੀ ਕਾਪੀ ਵਿਚ ਇਹ ਵੀ ਲਿਖਿਆ ਗਿਆ ਏ, ਕਿ ਪੈਰੋਲ ਦੌਰਾਨ ਅੰਮ੍ਰਿਤਪਾਲ ਸਿੰਘ ਕਿਸੇ ਵੀ ਤਰ੍ਹਾਂ ਦਾ ਕੋਈ ਬਿਆਨ ਵੀ ਨਹੀਂ ਦੇਣਗੇ ਅਤੇ ਦਿੱਲੀ ਵਿਚ ਹਲਫ਼ ਲੈਣ ਤੋਂ ਬਾਅਦ ਉਨਾਂ ਨੂੰ ਸਿੱਧਾ ਡਿੱਬਰੁ-ਗੜ੍ਹ ਜੇਲ੍ਹ ਵਾਪਸ ਭੇਜ ਦਿੱਤਾ ਜਾਵੇਗਾ।

---------------------------------------------------------

ਜ਼ਿਲ੍ਹਾ ਮੋਗਾ ਨੂੰ ਹਰਿਆਲੀ ਪੱਖੋਂ ਭਰਪੂਰ ਬਣਾਉਣ ਦੇ ਮਿੱਥੇ ਟੀਚੇ ਤਹਿਤ ਮੌਜੂਦਾ ਵਿੱਤੀ ਵਰ੍ਹੇ ਅੰਦਰ 5 ਲੱਖ ਤੋਂ ਵਧੇਰੇ ਬੂਟੇ ਲਗਾਉਣ ਅਤੇ ਉਨ੍ਹਾਂ ਦੀ ਸਹੀ ਪਰਵਰਿਸ਼ ਕਰਨ ਦਾ ਟੀਚਾ ਮਿਥਿਆ ਗਿਆ ਏ। ਇਸ ਨੂੰ ਪੂਰਾ ਕਰਨ ਲਈ, ਇਕ ਸਾਲ ਦੀ ਯੋਜਨਾ ਤਿਆਰ ਕੀਤੀ ਗਈ ਏ। ਵਧੀਕ ਡਿਪਟੀ ਕਮਿਸ਼ਨਰ ਪੇਂਡੂ ਵਿਕਾਸ ਜਗਵਿੰਦਰ ਜੀਤ ਸਿੰਘ ਗਰੇਵਾਲ ਨੇ ਮੋਗਾ ਵਿਖੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਅੱਜ ਇਕ ਮੀਟਿੰਗ ਦੌਰਾਨ ਇਹ ਗੱਲ ਕਹੀ। ਉਨਾਂ ਕਿਹਾ ਕਿ ਆਮ ਤੌਰ ਉੱਤੇ ਦੇਖਿਆ ਗਿਆ ਏ ਕਿ ਨਿਰਧਾਰਤ ਟੀਚੇ ਮੁਤਾਬਿਕ ਬੂਟੇ ਸਹੀ ਤਰੀਕੇ

ਨਾਲ ਲੱਗਦੇ ਹੀ ਨਹੀਂ। ਇਸ ਲਈ ਫੈਸਲਾ ਕੀਤਾ ਗਿਆ ਏ ਕਿ ਪੇਂਡੂ ਖੇਤਰਾਂ ਵਿੱਚ ਟੋਏ ਪੁੱਟਣ ਦਾ ਕੰਮ ਨਰੇਗਾ ਵਰਕਰ ਕਰਨਗੇ ਅਤੇ ਇਹੀ ਵਰਕਰ ਇਕ ਸਾਲ ਇਹਨਾਂ ਬੂਟਿਆਂ ਨੂੰ ਪਾਣੀ ਪਾਉਣਾ ਵੀ ਯਕੀਨੀ ਬਣਾਉਣਗੇ।

-----------------------------------------------------------------

ਪੰਜਾਬ ਦੇ ਨੇਤਰਹੀਣ ਤੇ ਦਿਵਿਆਂਗ ਕਰਮਚਾਰੀਆਂ ਨਾਲ ਸੰਬੰਧਤ, ਇੰਮਪਾਵਰਮੈਂਟ ਐਸੋਸੀਏਸ਼ਨ ਫਾਰ ਦਾ ਬਲਾਇੰਡ ਪੰਜਾਬ ਦੀ, 3 ਦਸੰਬਰ ਦਿਵਿਆਂਗ ਦਿਵਸ ਅਤੇ 4 ਜਨਵਰੀ ਲੂਇਸ ਬਰੇਲ ਡੇ ਦੀ ਛੁੱਟੀ ਦੀ ਮੰਗ ਨੂੰ, ਪੰਜਾਬ ਸਰਕਾਰ ਨੇ ਮੰਨ ਲਿਆ ਏ। ਐਸੋਸੀਏਸ਼ਨ ਦੇ ਚੇਅਰਮੈਨ ਪ੍ਰਗਟ ਮਸੀਹ ਨੇ ਕਿਹਾ ਕਿ ਇਸ ਬਾਰੇ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ। ਉਨਾਂ ਇਸ ਲਈ, ਸੂਬਾ ਸਰਕਾਰ ਤੇ ਸਮਾਜਿਕ ਸੁਰੱਖਿਆ ਵਿਭਾਗ ਦਾ ਧੰਨਵਾਦ ਕੀਤਾ ਪਰ ਨਾਲ ਹੀ ਇਹ ਵੀ ਕਿਹਾ ਕਿ, ਜਿਨਾਂ 5 ਛੁੱਟੀਆਂ ਵਿੱਚੋਂ ਇਹ 2 ਛੁੱਟੀਆਂ ਦਿੱਤੀਆਂ ਗਈਆਂ ਨੇ, ਉਹ ਠੀਕ ਨਹੀਂ ਏ ਅਤੇ ਇਸ ਮੁੱਦੇ ਨੂੰ ਸਰਕਾਰ

ਕੋਲ ਫਿਰ ਤੋਂ ਉਠਾਇਆ ਜਾਵੇਗਾ ਕਿਉਂਕਿ 5 ਛੁੱਟੀਆਂ ਸਿਰਫ ਅਲੱਗ-ਅਲੱਗ ਪ੍ਰੋਗਰਾਮਾਂ ਤੇ ਸੈਮੀਨਾਰਾਂ ਵਾਸਤੇ ਦਿੱਤੀਆ ਜਾਂਦੀਆਂ ਨੇ।

---------------------------------------------------------------

ਮਾਨਸੂਨ ਦੇ ਬਾਵਜੂਦ ਪੰਜਾਬ ਵਿੱਚ ਚੰਗੀ ਬਾਰਿਸ਼ ਨਹੀਂ ਹੋਈ ਏ। ਮੌਸਮ ਵਿਭਾਗ ਅਨੁਸਾਰ ਪਿਛਲੇ ਤਿੰਨ ਦਿਨਾਂ ਵਿਚ ਸੂਬੇ ’ਚ 30 ਫੀਸਦੀ ਘੱਟ ਬਾਰਿਸ਼ ਹੋਈ ਏ। ਪੰਜਾਬ ’ਚ 1 ਤੋਂ 3 ਜੁਲਾਈ ਤੱਕ ਔਸਤਨ 12 ਇਸ਼ਾਰਿਆ 2 ਮਿਲੀ-ਮੀਟਰ ਬਾਰਸ਼ ਹੁੰਦੀ ਏ, ਜਦੋਂ ਕਿ ਹੁਣ ਤੱਕ ਸਿਰਫ਼ 8.6 ਮਿਲੀ-ਮੀਟਰ ਮੀਂਹ ਹੀ ਪਿਆ ਏ। ਪਰ ਮਾਨਸੂਨ ਦੇ ਆਉਣ ਨਾਲ ਜਿੱਥੇ ਗਰਮੀ ਤੋਂ ਰਾਹਤ ਮਿਲੀ ਏ, ਉੱਥੇ ਤਾਪਮਾਨ ਲਗਾਤਾਰ ਡਿੱਗ ਰਿਹਾ ਏ। ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਫਤਹਿਗੜ੍ਹ ਸਾਹਿਬ, ਮੋਹਾਲੀ ਅਤੇ ਪਟਿਆਲ਼ਾ ਜ਼ਿਲਿਆਂ ਸਮੇਤ ਕਈ ਜਗ੍ਹਾ ਸਵੇਰ ਤੋਂ ਹੀ ਰੁਕ-ਰੁਕ ਕੇ ਮੀਂਹ ਪਿਆ। ਜਲੰਧਰ ਅਤੇ ਆਲੇ ਦੁਆਲੇ ਦੇ ਇਲਾਕਿਆਂ ਵਿਚ ਵੀ ਰਾਤ ਭਰ ਰੁੱਕ ਰੁੱਕ ਕੇ ਮੀਂਹ ਪੈਂਦਾ ਰਿਹਾ। ਹਾਲਾਂਕਿ ਦਿਨ ਵਿਚ ਤੇਜ ਧੁੱਪ ਨਿਕਲੀ ਰਹੀ।

---------------------------------------------------------

ਰੂਪਨਗਰ ਜ਼ਿਲੇ ਦੇ ਵਧੀਕ ਜ਼ਿਲ੍ਹਾ ਮੈਜਿਸਟਰੇਟ ਪੂਜਾ ਸਿਆਲ ਗਰੇਵਾਲ ਨੇ, ਜ਼ਿਲੇ ਦੀ ਹਦੂਦ ਅੰਦਰ ਆਉਂਦੇ ਸਤਲੁਜ ਦਰਿਆ ਤੇ ਹੋਰ ਸਾਰੀਆਂ ਨਦੀਆਂ, ਨਹਿਰਾਂ ਅਤੇ ਸੂਇਆਂ ਵਿੱਚ ਬੱਚਿਆਂ ਅਤੇ ਆਮ ਵਿਅਕਤੀਆਂ ਦੇ ਨਹਾਉਣ 'ਤੇ ਅਤੇ ਇਨ੍ਹਾਂ ਦੇ ਕਿਨਾਰਿਆਂ ਦੇ ਘੁੰਮਣ ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਨੇ । ਇਹ ਹੁਕਮ 2 ਸਤੰਬਰ ਤੱਕ ਲਾਗੂ ਰਹਿਣਗੇ।

---------------------------------------------------------

ਜਲੰਧਰ - ਪਠਾਨਕੋਟ ਨੈਸ਼ਨਲ ਹਾਈਵੇਅ ‘ਤੇ ਅੱਡਾ ਖੁੱਡਾ ਨੇੜੇ ਅੱਜ ਸਵੇਰੇ ਹੋਏ ਹਾਦਸੇ ‘ਚ ਚਾਰ ਵਾਹਨ ਬੁਰੀ ਤਰ੍ਹਾਂ ਨੁਕਸਾਨੇ ਗਏ ਅਤੇ ਨੈਸ਼ਨਲ ਹਾਈਵੇਅ ਦੀ ਆਵਾਜਾਈ ਕੁਝ ਸਮੇਂ ਲਈ ਪ੍ਰਭਾਵਿਤ ਹੋਈ । ਜਾਣਕਾਰੀ ਅਨੁਸਾਰ ਜਲੰਧਰ ਤੋਂ ਪਠਾਨਕੋਟ ਜਾ ਰਹੇ ਦੋ ਟਿੱਪਰਾਂ ‘ਚੋਂ ਇਕ ਅਚਾਨਕ ਬੇਕਾਬੂ ਹੋ ਕੇ ਦੂਜੇ ਟਿੱਪਰ ਨਾਲ ਜਾ ਟਕਰਾਇਆ, ਜਿਹੜਾ ਕੌਮੀ ਮਾਰਗ ‘ਤੇ ਜਾ ਰਹੀ ਕਾਰ ‘ਤੇ ਪਲਟ ਗਿਆ। ਜਲੰਧਰ ਤੋਂ ਪਠਾਨਕੋਟ ਜਾ ਰਹੀ ਪੰਜਾਬ ਰੋਡਵੇਜ਼ ਦੀ ਬੱਸ ਵੀ ਇਨ੍ਹਾਂ ਟਿੱਪਰਾਂ

ਨਾਲ ਟਕਰਾ ਗਈ। ਖੁਸ਼ਕਿਸਮਤੀ ਇਹ ਰਹੀ ਕਿ ਬੱਸ ਵਿੱਚ ਸਵਾਰ ਸਵਾਰੀਆਂ ਅਤੇ ਕਾਰ ਵਿੱਚ ਸਵਾਰ ਸਵਾਰੀਆਂ ਵਾਲ-ਵਾਲ ਬਚ ਗਈਆਂ। ਮੌਕੇ 'ਤੇ ਪਹੁੰਚੀ ਰੋਡ ਸੇਫਟੀ ਫੋਰਸ ਦੀ ਟੀਮ ਨੇ ਜਖਮੀ ਟਿੱਪਰ ਚਾਲਕ ਨੂੰ ਸਰਕਾਰੀ ਹਸਪਤਾਲ ਟਾਂਡਾ ਪਹੁੰਚਾਇਆ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਟਵੰਟੀ-ਟਵੰਟੀ ਵਿਸ਼ਵ ਕੱਪ ਜੇਤੂ, ਮਰਦਾਂ ਦੀ ਭਾਰਤੀ ਕ੍ਰਿਕਟ ਟੀਮ ਨਾਲ ਅੱਜ ਨਵੀਂ ਦਿੱਲੀ ਵਿਚ ਨਾਸ਼ਤੇ ਤੇ ਮੁਲਾਕਾਤ ਕੀਤੀ।
- ਨੀਤੀ ਆਯੋਗ ਦੇ ਆਸਵੰਦ ਜ਼ਿਲਿਆਂ ਤੇ ਬਲਾਕਾਂ ਵਿਚ, 30 ਸਤੰਬਰ ਤੱਕ ਚੱਲਣ ਵਾਲੇ ਸੰਪੂਰਨਤਾ ਅਭਿਆਨ ਦੀ ਅੱਜ ਤੋਂ ਸ਼ੁਰੂਆਤ ਹੋ ਗਈ ਏ ।
- ਖਡੂਰ ਸਾਹਿਬ ਤੋਂ ਲੋਕ ਸਭਾ ਚੋਣ ਜਿੱਤਣ ਵਾਲੇ ਡਿੱਬਰੁ-ਗੜ੍ਹ ਜੇਲ੍ਹ ਵਿਚ ਬੰਦ ਅੰਮ੍ਰਿਤਪਾਲ ਸਿੰਘ ਨੂੰ, ਲੋਕਸਭਾ ਮੇਂਬਰ ਵਜੋਂ ਸੌਂਹ ਚੁੱਕਣ ਲਈ ਚਾਰ ਦਿਨਾਂ ਦੀ ਪੈਰੋਲ ਮਿਲੀ ਏ।

- ਮੌਸਮ ਵਿਭਾਗ ਅਨੁਸਾਰ ਮਾਨਸੂਨ ਦੇ ਬਾਵਜੂਦ, ਪਿਛਲੇ ਤਿੰਨ ਦਿਨਾਂ ਵਿਚ ਸੂਬੇ ਵਿਚ 30 ਫੀਸਦੀ ਘੱਟ ਬਾਰਿਸ਼ ਹੋਈ ਏ।